ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ
ਟਿੱਡੀ ਦਲ ਦੇ ਹਮਲੇ ਸਬੰਧੀ ਵੱਧ ਤੋਂ ਵੱਧ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ : ਡਿਪਟੀ ਕਮਿਸ਼ਨਰ
ਪੰਚਾਇਤਾਂ ਨਾਲ ਤਾਲਮੇਲ ਕਰ ਕੇ ਟਿੱਡੀ ਦਲ ਤੋਂ ਬਚਾਅ ਦੇ ਤਰੀਕਿਆਂ ਤੋਂ ਕਰਵਾਇਆ ਜਾਵੇ ਜਾਣੂ
ਬਲਾਕ ਪੱਧਰ ’ਤੇ ਬੀ.ਡੀ.ਪੀ.ਓਜ਼ ਹੋਣਗੇ ਨੋਡਲ ਅਫਸਰ
ਖੇਤੀਬਾੜੀ, ਬਾਗਬਾਨੀ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਅਧਿਕਾਰੀ ਰੋਜ਼ਾਨਾਂ ਸਰਵੇ ਕਰਨਾ ਬਣਾਉਣ ਯਕੀਨੀ
ਫਤਹਿਗੜ੍ਹ ਸਾਹਿਬ, 01 ਜੂਨ:
ਟਿੱਡੀ ਦਲ ਦੇ ਸੰਭਾਵੀਂ ਹਮਲੇ ਨੂੰ ਵੇਖਦੇ ਹੋਏ ਜਿਲ੍ਹੇ ਦੇ ਕਿਸਾਨਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ ਅਤੇ ਪੰਚਾਇਤਾਂ ਨਾਲ ਤਾਲਮੇਲ ਕਰਕੇ ਟਿੱਡੀ ਦਲ ਤੋਂ ਬਚਾਅ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਜਾਵੇ । ਇਹ ਨਿਰਦੇਸ਼ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਖੇਤੀਬਾੜੀ ਅਫਸਰ ਨੂੰ ਦਿੱਤੇ। ਉਨ੍ਹਾਂ ਇਹ ਵੀ ਕਿਹਾ ਕਿ ਇਸ ਸਬੰਧੀ ਇੱਕ ਕੰਟਰੋਲ ਰੂਮ ਸਥਾਪਤ ਕੀਤਾ ਜਾਵੇ ਜਿਸ ਦਾ ਨੰਬਰ ਲੋਕਾਂ ਤੱਕ ਪ੍ਰਚਾਰ ਸਾਧਨਾਂ ਰਾਹੀਂ ਪੁੱਜਦਾ ਕੀਤਾ ਜਾਵੇ।
ਡਿਪਟੀ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਟਿੱਡੀ ਦਲ ਦੇ ਠਹਿਰਣ ਵਾਲੇ ਸੰਭਾਵੀ ਥਾਵਾਂ ਦੀ ਸ਼ਨਾਖਤ ਕਰਕੇ ਉਥੇ ਦਵਾਈ ਦਾ ਛਿੜਕਾਅ ਕੀਤਾ ਜਾਵੇ ਅਤੇ ਇਸ ਕੰਮ ਵਿੱਚ ਨਗਰ ਕੌਂਸਲ ਦੀਆਂ ਫਾਇਰ ਟੈਂਡਰ, ਸਹਿਕਾਰੀ ਸਭਾਵਾਂ ਦੇ ਸਪਰੇਅ ਪੰਪਾਂ ਦੀ ਸਹਾਇਤਾ ਲਈ ਜਾਵੇ ਤਾਂ ਜੋ ਜ਼ਿਲ੍ਹੇ ਵਿੱਚ ਇਸ ਖਤਰੇ ਨੂੰ ਆਉਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਟਿੱਡੀ ਦਲ ਦੇ ਠਹਿਰਣ ਵਾਲੇ ਸਥਾਨਾਂ ’ਤੇ ਦਵਾਈ ਦਾ ਛਿੜਕਾਅ ਕਰਨ ਤੋਂ
ਇਲਾਵਾ ਉਥੇ ਰਹਿ ਕੇ ਵੀ ਇਸ ਨੂੰ ਭਜਾਉਣ ਦੇ ਪ੍ਰਬੰਧ ਕੀਤੇ ਜਾਣ।
ਸ਼੍ਰੀਮਤੀ ਗਿੱਲ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਪੈਸਟੀਸਾਈਡ ਦੁਰਘਟਨਾ ਸਬੰਧੀ ਮੁਢਲੀ ਸਹਾਇਤਾ ਦੇਣ ਲਈ ਡਾਕਟਰਾਂ ਦੀ ਟੀਮ ਨਿਯੁਕਤ ਕੀਤੀ ਜਾਵੇ।
ਇਸ ਮੌਕੇ ਡਾ. ਸੰਧੂ ਨੇ ਦੱਸਿਆ ਕਿ ਟਿੱਡੀ ਦਲ ਤੋਂ ਘਬਰਾਉਣ ਦੀ ਨਹੀਂ ਸਿਰਫ ਸੁਚੇਤ ਰਹਿਣ ਦੀ ਲੋੜ ਹੈ। ਟਿੱਡੀ ਦਲ ਸ਼ਾਮ ਢਲੇ ਖੇਤਾਂ ਵਿੱਚ ਜਾਂ ਉੱਚੇ ਦਰੱਖਤਾਂ ਤੇ ਬੈਠ ਜਾਂਦਾ ਹੈ ਅਤੇ ਅਗਲੇ ਦਿਨ ਸੂਰਜ ਚੜਣ ਸਮੇਂ ਤੱਕ ਬੈਠਾ ਰਹਿੰਦਾ ਹੈ। ਉਨ੍ਹਾਂ ਨੇ ਕਿਹਾ ਕਿ ਇਸ ਦੀ ਰੋਕਥਾਮ ਮੁਹਿੰਮ ਵਿੱਚ ਸਰਕਾਰ ਦੇ ਨਾਲ ਨਾਲ ਕਿਸਾਨਾਂ ਦੀ ਸ਼ਮੂਲੀਅਤ ਬਹੁਤ ਜ਼ਰੂਰੀ ਅਤੇ ਵਡਮੁੱਲੀ ਹੈ। ਜੇਕਰ ਟਿੱਡੀ ਦਲ ਦਾ ਹਮਲਾ ਹੁੰਦਾ ਹੈ ਤਾਂ ਕਿਸਾਨਾਂ ਵੱਲੋਂ ਦਿਨ ਸਮੇਂ ਖੜਾਕ ਕਰ ਕੇ, ਪਟਾਕੇ ਚਲਾ ਕੇ ਢੋਲ ਵਜਾ ਕੇ, ਪੀਪੇ ਜਾਂ ਭਾਂਡੇ ਖੜਕਾ ਕੇ, ਉੱਚੀ ਆਵਾਜ਼ ਵਿੱਚ ਖੇਤਾਂ ਵਿੱਚ ਸਪੀਕਰਾਂ ਰਾਂਹੀ ਸ਼ੋਰ ਮਚਾ ਕੇ, ਟਿੱਡੀ ਦਲ ਨੂੰ ਫਸਲਾਂ ਤੇ ਬੈਠਣ ਤੋਂ ਰੋਕਿਆ ਜਾਵੇ ਤਾਂ ਜੋ ਇਹ ਫਸਲਾਂ ਦਾ ਨੁਕਸਾਨ ਨਾ ਕਰ ਸਕੇ।

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀ ਅਮਰੀਕ ਸਿੰਘ ਸਿੱਧੂ, ਐਸ.ਡੀ.ਐਮ. ਫਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ, ਐਸ.ਡੀ.ਐਮ. ਅਮਲੋਹ ਸ਼੍ਰੀ ਆਨੰਦ ਸਾਗਰ ਸ਼ਰਮਾ, ਐਸ.ਡੀ.ਐਮ. ਖਮਾਣੋਂ ਸ਼੍ਰੀ ਪਰਮਜੀਤ ਸਿੰਘ, ਉਪ ਰਜਿਸਟਰਾਰ ਸਹਿਕਾਰੀ ਸਭਾਵਾਂ ਅਭਿਤੇਸ਼ ਸਿੰਘ ਸੰਧੂ, ਕ੍ਰਿਸ਼ੀ ਵਿਗਿਆਨ ਕੇਂਦਰ ਦੇ ਡਾ. ਵਿਪਨ ਰਾਮਪਾਲ, ਪ੍ਰੋਜੈਕਟ ਡਾਇਰੈਕਟਰ ਆਤਮਾ ਹਰਮਨਜੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ।

ਕੈਪਸ਼ਨ: ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ I

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਵਿਧਾਇਕ ਨਾਗਰਾ ਨੇ ਜੋਤੀ ਸਰੂਪ ਮੋੜ ਤੋਂ ਭੈਰੋਂਪੁਰ ਬਾਈਪਾਸ ਤੱਕ ਜਾਂਦੀ ਸੜਕ ’ਤੇ ਪ੍ਰੀਮਿਕਸ ਪਾਉਣ ਦਾ ਕੰਮ ਕਰਵਾਇਆ ਸ਼ੁਰੂ

ਭੈਰੋਂਪੁਰ ਬਾਈਪਾਸ ਤੋਂ ਲੈ ਕੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਤੋਂ ਜੋਤੀ ਸਰੂਪ ਮੋੜ ਤੋਂ ਚਾਰ ਨੰਬਰ ਚੁੰਗੀ ਹੁੰਦੀ ਹੋਈ ਚਾਵਲਾ ਚੌਕ ਜੀ.ਟੀ. ਰੋਡ ਤੱਕ ਦੀ ਸੜਕ 14 ਕਰੋੜ ਦੀ ਲਾਗਤ ਨਾਲ ਕੀਤੀ ਜਾ ਰਹੀ ਹੈ ਚਹੁੰ ਮਾਰਗੀ (50 ਫੁੱਟ ਚੌੜੀ)

ਕੋਰੋਨਾ ਖਿਲਾਫ ਜੰਗ ਦੇ ਨਾਲ ਪੰਜਾਬ ਸਰਕਾਰ ਕਰਵਾ ਰਹੀ ਹੈ ਸੂਬੇ ਦਾ ਵਿਕਾਸ : ਨਾਗਰਾ

ਫ਼ਤਹਿਗੜ੍ਹ ਸਾਹਿਬ, 01 ਜੂਨ:

ਪੰਜਾਬ ਸਰਕਾਰ ਕੋਰੋਨਾ ਵਾਇਰਸ ਖਿਲਾਫ ਜੰਗ ਦੇ ਨਾਲ ਨਾਲ ਸੂਬੇ ਦਾ ਵਿਕਾਸ ਕਰਵਾ ਰਹੀ ਹੈ ਅਤੇ ਇਸੇ ਕੜੀ ਤਹਿਤ 14 ਕਰੋੜ ਰੁਪਏ ਦੀ ਲਾਗਤ ਨਾਲ ਜੋਤੀ ਸਰੂਪ ਮੋੜ ਤੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਤੋਂ ਭੈਰੋਂਪੁਰ ਬਾਈਪਾਸ ਤੱਕ ਜਾਂਦੀ ਸੜਕ ’ਤੇ ਪ੍ਰੀਮਿਕਸ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਉਣ ਮੌਕੇ ਗੱਲਬਾਤ ਕਰਦਿਆਂ ਕੀਤਾ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕੋਰੋਨਾ ਵਾਇਰਸ ਤੇ ਕਾਬੂ ਪਾਉਣ ਲਈ ਵੱਡੇ ਪੱਧਰ ’ਤੇ ਉਪਰਾਲੇ ਕਰ ਰਹੀ ਹੈ l

ਸ. ਨਾਗਰਾ ਨੇ ਦੱਸਿਆ ਕਿ ਭੈਰੋਂਪੁਰ ਬਾਈਪਾਸ ਤੋਂ ਲੈ ਕੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਤੋਂ ਜੋਤੀ ਸਰੂਪ ਮੋੜ ਤੋਂ ਚਾਰ ਨੰਬਰ ਚੁੰਗੀ ਹੁੰਦੀ ਹੋਈ ਚਾਵਲਾ ਚੌਕ ਜੀ.ਟੀ. ਰੋਡ ਤੱਕ ਦੀ ਸੜਕ ਦੀ14 ਕਰੋੜ ਦੀ ਲਾਗਤ ਨਾਲ ਬਣਾਈ ਜਾ ਰਹੀ ਇਹ ਸੜਕ ਚਹੁ ਮਾਰਗੀ ਕਰਨ ਦੇ ਨਾਲ-ਨਾਲ 50 ਫੁੱਟ ਚੌੜੀ ਵੀ ਕੀਤੀ ਜਾ ਰਹੀ ਹੈ, ਜਿਸ ਨਾਲ ਹਲਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਇਹ ਵੀ ਕਿਹਾ ਕਿ ਹਲਕੇ ਦੀਆਂ ਸੜਕਾਂ ਦੀ ਕਰਵਾਈ ਜਾ ਰਹੀ ਵਿਸ਼ੇਸ਼ ਮੁਰੰਮਤ ਨਾਲ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਦੀ ਬਿਹਤਰ ਸਹੂਲਤਾਂ ਮਿਲਣਗੀਆਂ। ਉਨ੍ਹਾਂ ਇਹ ਵੀ ਕਿਹਾ ਕਿ ਭਾਵੇਂ ਕਿ ਕੋਰੋਨਾ ਦੇ ਕੇਸਾਂ ਦੀ ਸੰਖਿਆ ਵਿੱਚ ਕਮੀ ਆਈ ਹੈ ਪ੍ਰੰਤੂ ਅਜੇ ਵੀ ਸਾਨੂੰ ਇਸ ਤੋਂ ਸੁਚੇਤ ਰਹਿਣ ਦੀ ਲੋੜ ਹੈ। ਇਸ ਲਈ ਹਰੇਕ ਵਿਅਕਤੀ ਨੂੰ ਆਪਣੇ ਮੂੰਹ ’ਤੇ ਮਾਸਕ ਪਾਉਣਾ, ਸਮਾਜਿਕ ਵਿੱਥ ਦਾ ਵਿਸ਼ੇਸ਼ ਧਿਆਨ ਰੱਖਣਾ ਅਤੇ ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਨਾਲ ਧੋਣਾ ਯਕੀਨੀ ਬਣਾਉਣਾ ਚਾਹੀਦਾ ਹੈ।

ਇਸ ਮੌਕੇ ਐਸ.ਡੀ.ਓ.ਸੁਰੇਸ਼ ਕੁਮਾਰ, ਜੇ.ਈ. ਤੇਜਪਾਲ ਸਿੰਘ, ਪੀ. ਆਰ.ਟੀ.ਸੀ.ਦੇ ਡਾਇਰੈਕਟਰ ਸ੍ਰੀ ਸੁਭਾਸ਼ ਸੂਦ, ਜ਼ਿਲ੍ਹਾ ਕਾਰਜਕਾਰੀ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਲਾਲੀ, ਪਵਨ ਕਾਲੜਾ, ਅਸ਼ੋਕ ਸੂਦ, ਸ਼ਾਹਬਾਜ ਨਾਗਰਾ, ਅਮਰਦੀਪ ਸਿੰਘ ਬੈਨੀਪਾਲ ਤੋਂ ਇਲਾਵਾ ਆਨੰਦ ਮੋਹਨ ਵੀ ਮੌਜੂਦ ਸਨ।

ਕੈਪਸ਼ਨ: ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ, ਜੋਤੀ ਸਰੂਪ ਮੋੜ ਤੋਂ ਭੈਰੋਂਪੁਰ ਬਾਈਪਾਸ ਤੱਕ ਜਾਂਦੀ ਸੜਕ ’ਤੇ ਪ੍ਰੀਮਿਕਸ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਉਂਦੇ ਹੋਏ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹੇ ਦੀਆਂ ਮੰਡੀਆਂ ’ਚ ਆਈ ਕਰੀਬ 02 ਲੱਖ 22 ਹਜ਼ਾਰ ਮੀਟਰਕ ਟਨ ਕਣਕ ਦੀ ਕੀਤੀ 100 ਫੀਸਦ ਖਰੀਦ

ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਨੂੰ ਜਾਰੀ ਕੀਤੇ 424 ਕਰੋੜ ਰੁਪਏ

ਮੰਡੀਆਂ ਵਿੱਚ ਕੋਰੋਨਾ ਵਾਇਰਸ ਤੋਂ ਬਚਾਅ ਲਈ ਕੀਤੇ ਗਏ ਪੁਖਤਾ ਪ੍ਰਬੰਧ

ਫ਼ਤਹਿਗੜ੍ਹ ਸਾਹਿਬ, 01 ਜੂਨ:

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਆਈ 02 ਲੱਖ 22 ਹਜ਼ਾਰ 179.59 ਮੀਟਰਕ ਟਨ ਕਣਕ ਦੀ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 100 ਫੀਸਦੀ ਖਰੀਦ ਕੀਤੀ ਗਈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਨੂੰ 424 ਕਰੋੜ ਰੁਪਏ ਜਾਰੀ ਕੀਤੇ ਗਏ ਹਨ।

ਸ੍ਰੀਮਤੀ ਗਿੱਲ ਨੇ ਦੱਸਿਆ ਕਿ ਮੰਡੀਆਂ ਵਿੱਚ ਖਰੀਦੀ ਗਈ ਕਣਕ ਵਿੱਚੋਂ ਪਨਗ੍ਰੇਨ ਵੱਲੋਂ ਕਰੀਬ 45 ਹਜ਼ਾਰ 36 ਮੀਟਰਕ ਟਨ, ਮਾਰਕਫੈਡ ਵੱਲੋਂ 56 ਹਜ਼ਾਰ 619 ਮੀਟਰਕ ਟਨ, ਪਨਸਪ ਵੱਲੋਂ 50 ਹਜਾਰ 333 ਮੀਟਰਕ ਟਨ, ਵੇਅਰ ਹਾਊਸ ਵੱਲੋਂ 35 ਹਜ਼ਾਰ 242 ਮੀਟਰਕ ਟਨ, ਐਫ.ਸੀ.ਆਈ. ਵੱਲੋਂ 34 ਹਜ਼ਾਰ 746.95 ਮੀਟਰਕ ਟਨ ਤੇ ਵਪਾਰੀਆਂ ਵੱਲੋ 202 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੰਡੀਆਂ ਵਿੱਚ ਕਣਕ ਦੀ ਖਰੀਦ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਰੀਆਂ ਸਾਵਧਾਨੀਆਂ ਅਪਣਾਉਣ ਨੂੰ ਯਕੀਨੀ ਬਣਾਇਆ ਗਿਆ ਤੇ ਪ੍ਰਸ਼ਾਸਨ ਵੱਲੋਂ ਇਸ ਖਤਰਨਾਕ ਮਹਾਂਮਾਰੀ ਨੂੰ ਰੋਕਣ ਸਬੰਧੀ ਪੁਖਤਾ ਪ੍ਰਬੰਧ ਕੀਤੇ ਗਏ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਨਿਆਂਇਕ ਅਧਿਕਾਰੀਆਂ ਤੇ ਸਟਾਫ ਨੇ ਮੁੱਖ ਮੰਤਰੀ ਕੋਰੋਨਾ ਫੰਡ ਵਿੱਚ 1 ਲੱਖ 83 ਹਜ਼ਾਰ 500 ਰੁਪਏ ਦਿੱਤੇ

ਕੋਰੋਨਾ ਵਾਇਰਸ ਖਿਲਾਫ ਲੜੀ ਜਾ ਰਹੀ ਜੰਗ ਵਿੱਚ ਹਰੇਕ ਵਰਗ ਦੇ ਲੋਕਾਂ ਨੂੰ ਸਹਿਯੋਗ ਦੇਣ ਦਾ ਦਿੱਤਾ ਸੱਦਾ

ਕੋਵਿਡ-19 ਤੋਂ ਬਚਾਅ ਲਈ ਸਾਫ ਸਫਾਈ ਅਤੇ ਬਚਾਅ ਸਬੰਧੀ ਹਦਾਇਤਾਂ ਦੀ ਪਾਲਣਾ ਕਰਨ ਲਈ ਕੀਤਾ ਪ੍ਰੇਰਤ

ਫ਼ਤਹਿਗੜ੍ਹ ਸਾਹਿਬ, 01 ਜੂਨ:

ਕੋਰੋਨਾ ਵਾਇਰਸ ਵਿਰੁੱਧ ਲੜੀ ਜਾ ਰਹੀ ਜੰਗ ਵਿੱਚ ਯੋਗਦਾਨ ਪਾਉਂਦਿਆਂ ਜ਼ਿਲ੍ਹੇ ਦੇ ਨਿਆਂਇਕ ਅਧਿਕਾਰੀਆਂ ਤੇ ਸਟਾਫ ਨੇ ਮੁੱਖ ਮੰਤਰੀ ਕੋਰੋਨਾ ਰਾਹਤ ਫੰਡ ਵਿੱਚ 01 ਲੱਖ 83 ਹਜ਼ਾਰ 500 ਰੁਪਏ ਦਿੱਤੇ। ਨਿਆਂਇਕ ਅਧਿਕਾਰੀਆਂ ਤੇ ਸਟਾਫ ਵੱਲੋਂ ਇਹ ਉਪਰਾਲਾ ਦੂਜੀ ਵਾਰ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਚੀਫ ਜੁਡੀਸ਼ੀਅਲ ਮੈਜਿਸਟਰੇਟ ਸ਼੍ਰੀ ਮਹੇਸ਼ ਗਰੋਵਰ ਨੇ ਕਿਹਾ ਕਿ ਕੋਵਿਡ-19 ਕਾਰਨ ਪੈਦਾ ਹੋਈ ਸਥਿਤੀ ਦਾ ਸਾਹਮਣਾ ਕਰਨ ਲਈ ਸਾਰੇ ਵਰਗਾਂ ਦੇ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ ਅਤੇ ਇਸ ਮੁਸ਼ਕਲ ਦੀ ਘੜੀ ਵਿੱਚ ਨਿਆਂਇਕ ਅਧਿਕਾਰੀਆਂ ਤੇ ਸਟਾਫ ਨੇ ਆਪਣਾ ਯੋਗਦਾਨ ਪਾਇਆ ਹੈ।

ਸ਼੍ਰੀ ਗਰੋਵਰ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਸ ਬਿਮਾਰੀ ਤੋਂ ਬਚਾਅ ਲਈ ਸਾਫ ਸਫਾਈ ਅਤੇ ਸਿਹਤ ਸੰਭਾਲ ਸਬੰਧੀ ਹਦਾਇਤਾਂ, ਜਿਸ ਵਿੱਚ ਸਮਾਜਿਕ ਵਿੱਥ, ਮਾਸਕ ਪਾਉਣਾ ਅਤੇ ਆਪਣੇ ਹੱਥ ਵਾਰ-ਵਾਰ ਧੋਣਾ ਸ਼ਾਮਲ ਹੈ, ਦੀ ਪਾਲਣਾ ਕਰਨੀ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਕੋਰੋਨਾ ਖਿਲਾਫ ਲੜੀ ਜਾ ਰਹੀ ਜੰਗ ਵਿੱਚ ਨਿਆਂਇਕ ਅਧਿਕਾਰੀਆਂ ਨੇ ਆਪਣਾ ਯੋਗਦਾਨ ਪਾਉਂਦਿਆਂ ਲਈ ਇਹ ਰਕਮ ਮੁੱਖ ਮੰਤਰੀ ਕੋਰੋਨਾ ਰਾਹਤ ਫੰਡ ਵਿੱਚ ਦਿੱਤੀ ਹੈ।

ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਤਹਿਗੜ੍ਹ ਸਾਹਿਬ

ਜ਼ਿਲ੍ਹੇ ਵਿੱਚ ਕਰਫਿਊ ਰਾਤ 09:00 ਵਜੇ ਤੋਂ ਸਵੇਰੇ 05:00 ਵਜੇ ਤੱਕ ਲਾਗੂ

ਫਤਹਿਗੜ੍ਹ ਸਾਹਿਬ, 01 ਜੂਨ

ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਜ਼ਿਲ੍ਹੇ ਦੀ ਹਦੂਦ ਅੰਦਰ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਰਾਤ 09.00 ਵਜੇ ਤੋਂ ਸਵੇਰੇ 05.00 ਵਜੇ ਤੱਕ ਕਰਫਿਊ(ਸਿਵਾਏ ਜ਼ਰੂਰੀ/ਮੈਡੀਕਲ ਐਮਰਜੈਂਸੀ ਸੇਵਾਵਾਂ) ਲਾਉਣ ਦੇ ਹੁਕਮ ਜਾਰੀ ਕੀਤੇ ਹਨ I ਇਹ ਹੁਕਮ ਮਿਤੀ 30 ਜੂਨ 2020 ਤੱਕ ਜਾਰੀ ਰਹਿਣਗੇ।

ਜ਼ਿਲ੍ਹਾ ਮੈਜਿਸਟਰੇਟ ਨੇ ਹੁਕਮ ਜਾਰੀ ਕੀਤੇ ਹਨ ਕਿ ਦੁੱਧ ਦੀਆਂ ਡੇਅਰੀਆਂ ਸਵੇਰੇ 05.00 ਵਜੇ ਤੋਂ ਰਾਤ 08.00 ਵਜੇ ਤੱਕ ਖੁੱਲ ਸਕਣਗੀਆਂ।ਜਿਲ੍ਹੇ ਦੇ ਸ਼ਹਿਰੀ ਅਤੇ ਪੇਡੂ ਖੇਤਰਾਂ ਵਿੱਚ ਸਾਰੀਆਂ ਦੁਕਾਨਾਂ(ਸਣੇ ਮੇਨ ਬਜਾਰ)ਸਵੇਰੇ 07.00 ਵਜੇ ਤੋਂ ਸ਼ਾਮ 07.00 ਵਜੇ ਤੱਕ ਖੁੱਲ ਸਕਣਗੀਆਂ।ਹੇਅਰ ਕਟਿੰਗ/ਹੇਅਰ ਸੈਲੂਨ, ਬਿਊਟੀ ਪਾਰਲਰ, ਸਪਾਅ ਸੈਂਟਰ ਸਵੇਰੇ 07.00 ਵਜੇ ਤੋਂ ਸ਼ਾਮ 7.00 ਵਜੇ ਤੱਕ ਸਿਹਤ ਵਿਭਾਗ ਵੱਲੋਂ ਜਾਰੀ ਸ਼ਰਤਾਂ ਤਹਿਤ ਖੁੱਲ ਸਕਣਗੇ।

ਜ਼ਿਲ੍ਹਾ ਮੈਜਿਸਟਰੇਟ ਨੇ ਹੁਕਮ ਜਾਰੀ ਕੀਤੇ ਹਨ ਕਿ ਰੈਸਟੋਰੈਂਟ, ਹਲਵਾਈ, ਬੇਕਰੀ ਅਤੇ ਮਲਟੀ ਨੈਸ਼ਨਲ ਈਟਰੀਜ਼ ਕੇਵਲ ਹੋਮ ਡਲੀਵਰੀ ਅਤੇ ਟੇਕਅਵੇ ਲਈ ਸਵੇਰੇ 09.00 ਵਜੇ ਤੋਂ ਸ਼ਾਮ 07.00 ਵਜੇ ਤੱਕ ਖੁੱਲ੍ਹੇ ਰਹਿ ਸਕਣਗੇ।

ਸਾਰੇ ਸਰਕਾਰੀ, ਗੈਰ ਸਰਕਾਰੀ ਅਤੇ ਪ੍ਰਾਈਵੇਟ ਅਦਾਰੇ ਆਪਣੇ ਨਿਯਮਿਤ ਸਮੇਂ ਅਤੇ ਦਿਨਾਂ ਅਨੁਸਾਰ ਖੁੱਲ੍ਹੇ ਰਹਿ ਸਕਣਗੇ ਅਤੇ ਈ ਕਾਮਰਸ ਸਾਰਾ ਖੁੱਲ੍ਹਾ ਰਹੇਗਾ। ਜਿਲ੍ਹੇ ਅੰਦਰ ਸ਼ਰਾਬ ਦੇ ਠੇਕੇ ਸਵੇਰੇ 08.00 ਵਜੇ ਤੋਂ ਰਾਤ 8.00 ਵਜੇ ਤੱਕ ਖੁੱਲ੍ਹੇ ਰਹਿ ਸਕਣਗੇ।ਕੰਨਟੇਨਮੈਂਟ ਜੋਨ ਵਿੱਚ ਕੇਵਲ ਜਰੂਰੀ ਵਸਤਾਂ ਦੀ ਸਪਲਾਈ (ਕਰਿਆਨਾ, ਸਬਜੀਆਂ/ਫਲ, ਦੁੱਧ ਅਤੇ ਦਵਾਈਆਂ ਦੀਆਂ ਦੁਕਾਨਾਂ ਹੀ ਖੁੱਲ੍ਹਣਗੀਆਂ। ਇਸ ਤੋਂ ਇਲਾਵਾ ਕੰਨਟੇਨਮੈਂਟ ਵਿੱਚ ਕੋਈ ਵੀ ਛੋਟ ਲਾਗੂ ਨਹੀ ਹੋਵੇਗੀ।

ਜ਼ਿਲ੍ਹਾ ਮੈਜਿਸਟਰੇਟ ਨੇ ਵਿਦਿਅਕ ਅਦਾਰੇ, ਸਿਖਲਾਈ ਅਤੇ ਕੋਚਿੰਗ ਸੈਂਟਰ, ਆਈਲੈਟਸ ਸੈਂਟਰ, ਇੰਮੀਗ੍ਰੇਸ਼ਨ ਸੈਂਟਰ ਬੰਦ ਰੱਖਣ ਦੇ ਹੁਕਮ ਵੀ ਜਾਰੀ ਕੀਤੇ ਹਨ। (ਕੇਵਲ ਪ੍ਰਬੰਧਕੀ ਕਾਰਜਾਂ ਲਈ ਹੀ ਸੋਮਵਾਰ ਤੋਂ ਸ਼ਨੀਵਾਰ ਤੱਕ ਸਵੇਰੇ 09.00 ਵਜੇ ਤੋਂ 05.00 ਵਜੇ ਤੱਕ ਖੁਲ੍ਹੇ ਰਹਿ ਸਕਦੇ ਹਨ)।

ਪ੍ਰਾਹੁਣਚਾਰੀ ਸੇਵਾਵਾਂ, ਸਿਨੇਮਾ ਹਾਲ, ਜਿੰਮ, ਸਵੀਮਿੰਗ ਪੂਲਜ਼, ਮਨੋਰੰਜਨ ਪਾਰਕ, ਕਲੱਬ, ਥੀਏਟਰ, ਬਾਰ, ਆਡੀਓਟੋਰੀਅਮ, ਅਸੈਂਬਲੀ ਹਾਲ ਅਤੇ ਹੋਰ ਸਮਾਜਿਕ, ਰਾਜਨੀਤਿਕ, ਖੇਡਾ, ਮਨੋਰੰਜਨ, ਵਿਦਿਅਕ ਜਾਂ ਸਭਿਆਚਾਰਕ ਸਮਾਗਮ ਜਾਂ ਇਕੱਠ ਆਦਿ ਤੇ ਪਾਬੰਦੀ ਰਹੇਗੀ।

ਜਿਲ੍ਹੇ ਵਿਚਲੇ ਸਾਰੇ ਧਾਰਮਿਕ ਸਥਾਨਾਂ ਤੇ ਆਮ ਵਾਂਗ ਆਉਣ ਜਾਣ ਦੀ ਅਗਲੇ ਹੁਕਮਾਂ ਤੱਕ ਮਨਾਹੀ ਹੋਵੇਗੀ। ਧਾਰਮਿਕ ਸਥਾਨਾਂ ਦੇ ਅੰਦਰ ਕਿਸੇ ਵੀ ਕਿਸਮ ਦੀ ਧਾਰਮਿਕ ਇੱਕਤਰਤਾ ਲਈ ਜਿਲ੍ਹਾ ਪ੍ਰਸ਼ਾਸਨ ਤੋਂ ਪ੍ਰਵਾਨਗੀ ਲੈਣੀ ਲਾਜ਼ਮੀ ਹੋਵੇਗੀ।

ਸਬੰਧਤ ਦੁਕਾਨਾਂ,ਅਦਾਰਿਆਂ ਆਦਿ ਨੂੰ ਖੋਲਣ ਦੀ ਮਨਜੂਰੀ ਇਸ ਸ਼ਰਤ ਤੇ ਦਿੱਤੀ ਗਈ ਹੈ ਕਿ ਕੋਵਿਡ 19 ਸਬੰਧੀ ਸਮੂਹ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ, ਮਾਸਕ ਦੀ ਵਰਤੋਂ ਕਰਨੀ ਲਾਜਮੀ ਹੋਵੇਗੀ, ਜਨਤਕ ਥਾਵਾਂ ਤੇ ਸ਼ਰਾਬ, ਪਾਨ, ਗੁਟਕਾ, ਤਬਾਕੂ ਦੀ ਵਰਤੋਂ ਕਰਨ ਅਤੇ ਥੁੱਕਣ ਤੇ ਪੂਰਨ ਤੋਰ ਤੇ ਪਾਬੰਦੀ ਹੋਵੇਗੀ।

ਦੁਕਾਨਦਾਰਾਂ ਵੱਲੋਂ ਗ੍ਰਾਹਕਾਂ ਦੀ ਘੱਟੋ ਘੱਟ 6 ਫੁੱਟ ਦੀ ਦੂਰੀ ਬਣਾਕੇ ਰੱਖੀ ਜਾਵੇਗੀ ਅਤੇ ਇੱਕ ਸਮੇਂ ਪੰਜ ਤੋਂ ਵੱਧ ਵਿਅਕਤੀ ਦੁਕਾਨ ਤੇ ਇਕੱਠੇ ਨਹੀ ਹੋਣਗੇ, ਸਮੂਹ ਦੁਕਾਨਾ ਅਦਾਰਿਆਂ, ਸਬੰਧਤ ਸਥਾਨਾਂ ਵਿਖੇ ਥਰਮਲ ਸਕੈਨਿੰਗ/ਹੈਡਵਾਸ਼(ਸੈਨੀਟਾਇਜਰ ਆਦਿ) ਦਾਖਲੇ ਵਾਲੀਆਂ ਥਾਵਾਂ ਤੇ ਯਕੀਨੀ ਬਣਾਏ ਜਾਣ।

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਮੁਤਾਬਿਕ ਸਰਕਾਰੀ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਰਾਜ ਦੇ ਅੰਦਰ ਟੈਕਸੀ, ਕੈਬ, ਟੈਂਪੂ ਟਰੈਵਲਰ ਅਤੇ ਕਾਰ ਆਦਿ ਰਾਂਹੀ ਯਾਤਰਾਂ ਤੇ ਕੋਈ ਰੋਕ ਨਹੀ ਹੋਵੇਗੀ ਅਤੇ ਨਾ ਹੀ ਕਿਸੇ ਕਿਸਮ ਦੇ ਪਾਸ ਦੀ ਜਰੂਰਤ ਹੋਵੇਗੀ।

ਸਾਈਕਲ ਰਿਕਸ਼ਾ, ਆਟੋ ਰਿਕਸ਼ਾ, ਦੋ ਪਹੀਆਂ ਵਾਹਨਾਂ ਅਤੇ ਚਾਰ ਪਹੀਆਂ ਵਾਹਨਾਂ ਦੀ ਵਰਤੋਂ ਟਰਾਂਸਪੋਰਟ ਵਿਭਾਗ, ਪੰਜਾਬ ਵੱਲੋਂ ਜਾਰੀ ਹਦਾਇਤਾਂ ਦੇ ਮੁਤਾਬਿਕ ਹੋਵੇਗੀ।

ਅੰਤਰ ਰਾਜੀ ਗੁਡਜ਼ ਕਰੀਅਰ ਦੀ ਆਵਾਜਾਈ ਤੇ ਕੋਈ ਰੋਕ ਨਹੀ ਹੋਵੇਗੀ। ਜਿਲ੍ਹਾ ਫਤਹਿਗੜ੍ਹ ਸਾਹਿਬ ਦੇ ਸਮੂਹ ਵਸਨੀਕਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੇ ਸਮਾਰਟ ਮੋਬਾਇਲ ਫੋਨ ਤੇ ਕੋਵਾ ਅਤੇ ਅਰੋਗਿਆ ਸੇਤੂ ਐਪਲੀਕੇਸ਼ਨ ਇੰਸਟਾਲ ਕਰਨ ਅਤੇ ਇਸਨੂੰ ਨਿਰੰਤਰ ਅਪਡੇਟ ਵੀ ਕਰਨ ਤਾਂ ਜੋ ਉਹਨਾਂ ਨੂੰ ਕੋਵਿਡ 19 ਸਬੰਧੀ ਸਰਕਾਰ ਦੀ ਯੋਜਨਾਂ ਬਾਰੇ ਸੇਧ ਮਿਲ ਸਕੇ

ਅਤੇ ਲੋਕ ਆਪਣੇ ਆਲੇ ਦੁਆਲੇ ਕੋਵਿਡ 19 ਤੋਂ ਪ੍ਰਭਾਵਿਤ ਏਰੀਏ ਬਾਰੇ ਵੀ ਸੁਚੇਤ ਹੋ ਸਕਣ।

ਲੰਬੇ ਸਮੇਂ ਤੋਂ ਬੀਮਾਰ, 65 ਸਾਲ ਤੋਂ ਜਿਆਦਾ ਉਮਰ ਦੇ ਵਿਅਕਤੀ, ਗਰਭਵਤੀ ਔਰਤਾਂ ਅਤੇ 10 ਸਾਲ ਤੋਂ ਘੱਟ ਉਮਰ ਦੇ ਬੱਚੇ ਕੇਵਲ ਸਿਹਤ ਸਬੰਧੀ ਜਾਂ ਅਤਿ ਜਰੂਰੀ ਕੰਮਾਂ ਲਈ ਹੀ ਘਰ ਤੋਂ ਬਾਹਰ ਨਿਕਲਣ।

ਵਿਆਹ ਸ਼ਾਦੀ ਲਈ 50 ਤੋਂ ਘੱਟ ਵਿਅਕਤੀ ਅਤੇ ਅੰਤਿਮ ਸੰਸਕਾਰ/ਭੋਗ ਲਈ 20 ਤੋਂ ਘੱਟ ਵਿਅਕਤੀਆਂ ਦੇ ਇੱਕਠ ਦੀ ਪ੍ਰਵਾਨਗੀ ਹੋਵੇਗੀ। ਜਨਤਕ ਪਾਰਕ ਪਬਲਿਕ ਲਈ ਸੈਰ, ਕਸਰਤ, ਯੋਗਾ ਲਈ ਖੁਲ੍ਹੇ ਰਹਿਣਗੇ, ਪ੍ਰੰਤੂ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਸ਼ੋਸ਼ਲ ਡਿਸਟੈਂਸਿੰਗ ਦੀ ਪਾਲਣਾ ਕਰਨੀ ਜਰੂਰੀ ਹੋਵੇਗੀ ਅਤੇ ਇੱਕ ਜਗ੍ਹਾਂ ਤੇ ਇੱਕਠ ਕਰਨ ਤੇ ਪਾਬੰਦੀ ਹੋਵੇਗੀ।ਉਦਯੋਗਿਕ ਅਦਾਰੇ,ਉਸਾਰੀ ਦੇ ਕਾਰਜ,ਖੇਤੀਬਾੜੀ,ਪਸੂ ਪਾਲਣ,ਬਾਗਬਾਨੀ ਤੇ ਕੋਈ ਰੋਕ ਨਹੀ ਹੋਵੇਗੀ।

ਇਸ ਤੋਂ ਇਲਾਵਾ ਜਿਲ੍ਹੇ ਅੰਦਰ ਪੈਂਦੇ ਮੁੱਖ ਬਾਜਾਰਾਂ ਵਿੱਚ ਚਾਰ ਪਹੀਆਂ ਤੇ ਜਾਣ ਦੀ ਪੂਰਨ ਪਾਬੰਦੀ ਹੋਵੇਗੀ, ਜਿਹਨਾਂ ਵਿਅਕਤੀਆਂ ਦੀ ਰਿਹਾਇਸ਼ ਮੁੱਖ ਬਾਜਾਰਾਂ ਵਿੱਚ ਹੈ ਉਹਨਾਂ ਦੇ ਵਾਹਨ ਉਪ ਕਪਤਾਨ ਪੁਲਿਸ(ਟਰੈਫਿਕ) ਵੱਲੋਂ ਜਾਰੀ ਮੂਵਮੈਂਟ ਸਟਿੱਕਰ ਨਾਲ ਹੀ ਮੁੱਖ ਬਾਜਾਰਾਂ ਵਿੱਚ ਜਾ ਸਕਣਗੇ। ਐਮਰਜੈਂਸੀ ਵਾਹਨ/ਮਰੀਜਾਂ ਨੂੰ ਲਿਆ ਰਹੇ ਪ੍ਰਾਈਵੇਟ ਵਾਹਨਾਂ ਤੇ ਇਹ ਪਾਬੰਦੀ ਲਾਗੂ ਨਹੀ ਹੋਵੇਗੀ। ਕਮਰਸ਼ੀਅਲ ਵਾਹਨ ਆਪਣੇ ਦਸਤਾਵੇਜ਼ ਚੈੱਕ ਕਰਵਾਕੇ ਬਿਨਾਂ ਸਟਿੱਕਰ ਦੇ ਮੁੱਖ ਬਾਜਾਰਾਂ ਵਿੱਚ ਦਾਖਲ ਹੋ ਸਕਦੇ ਹਨ।

ਮੁੱਖ ਬਜਾਰਾਂ ਵਿੱਚ ਜਿਆਦਾ ਭੀੜ ਘਟਾਉਣ ਦੇ ਮੱਦੇਨਜਰ ਰੇਹੜੀਆਂ ਆਦਿ ਕੇਵਲ ਸਟ੍ਰੀਟ ਵੈਂਡਰਜ ਐਕਟ 2004 ਤਹਿਤ ਨੋਟੀਫਾਈ ਕੀਤੇ ਨਿਰਧਾਰਤ ਜਗ੍ਹਾਂ ਤੇ ਹੀ ਲਗਾਉਣ ਦੀ ਇਜਾਜਤ ਹੋਵੇਗੀ।

ਉਕਤ ਦਿੱਤੀਆਂ ਗਈਆਂ ਛੋਟਾਂ ਦੌਰਾਨ ਸਬੰਧਤ ਸਥਾਨਾਂ ਤੇ ਕੋਵਿਡ 19 ਸਬੰਧੀ ਸਮੇਂ ਸਮੇਂ ਤੇ ਜਾਰੀ ਗਾਈਡ ਲਾਇਨਜ਼/ਐਡਵਾਇਜਰੀਜ਼ ਦੀ ਇੰਨ ਬਿੰਨ ਪਾਲਣਾ ਕੀਤੀ ਜਾਣੀ ਯਕੀਨੀ ਬਣਾਈ ਜਾਵੇ। ਕੋਵਿਡ 19 ਸਬੰਧੀ ਹਦਾਇਤਾਂ ਦੀ ਕਿਸੇ ਤਰ੍ਹਾਂ ਉਲੰਘਣਾ ਪਾਏ ਜਾਣ ਦੀ ਸੂਰਤ ਵਿੱਚ ਸਬੰਧਤ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।